ਡਾਇਰੈਕਟੋਰੇਟ ਆਫ਼ ਸਪੋਰਟਸ

**ਪੰਜਾਬੀ ਯੂਨੀਵਰਸਿਟੀ, ਪਟਿਆਲਾ**

(1961 ਦੇ ਪੰਜਾਬ ਐਕਟ ਨੰ.35 ਤਹਿਤ ਸਥਾਪਿਤ)

*No.PDF/16-17/invitation-1/DS*
*Date: 01.05.2019*

ਪ੍ਰਿੰਸੀਪਲ ਸਾਹਿਬਾਨ
ਸਮੂਹ ਸਬੰਧਤ ਕਾਲਜਿਜ਼

ਸ਼੍ਰੀਮਾਨ/ਸ਼੍ਰੀਮਤੀ ਜੀਓ,

ਆਪ ਜੀ ਨੂੰ ਇਹ ਜਾਣਕੇ ਖੁਸ਼ੀ ਹੋਵੇਗੀ ਕਿ ਖੇਡ ਵਿਭਾਗ ਵਲੋਂ ਮਾਣਯੋਗ ਵਾਈਸ-ਚਾਂਸਲਰ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਸੈਸ਼ਨ 2016-17 ਦਾ ਸਾਲਾਨਾ ਖੇਡ ਇਨਾਮ ਵੰਡ ਸਮਾਰੋਹ ਮਿਤੀ 12-5-2019 ਨੂੰ ਸੰਨੀ ਓਬਰਾਏ ਆਡੀਟੋਰੀਅਮ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਕਰਵਾਇਆ ਜਾ ਰਿਹਾ ਹੈ।

ਸਮੂਹ ਪ੍ਰਿੰਸੀਪਲ ਸਾਹਿਬਾਨ ਨੂੰ ਸਮਾਰੋਹ ਵਿਚ ਸ਼ਾਮਲ ਹੋਣ ਅਤੇ ਨਿਸ਼ਚਿਤ ਮਿਤੀ/ਸਥਾਨ ਤੇ ਸਵੇਰੇ 9-30 ਵਜੇ ਪਹੁੰਚਣ ਲਈ ਹਾਰਦਿਕ ਸੱਦਾ ਦਿੱਤਾ ਜਾਂਦਾ ਹੈ। ਆਪ ਜੀ ਦੀ ਸਮੂਲੀਅਤ ਨਾਲ ਜਿੱਥੇ ਇਸ ਸਮਾਰੋਹ ਦੀ ਸ਼ੋਭਾ ਵਧੇਗੀ ਉੱਥੇ ਹੀ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਵੀ ਹੋਵੇਗੀ ਜੀ।

ਆਪ ਜੀ ਨੇ ਸਮਾਰੋਹ ਉਪਰੰਤ ਗੈਸਟ ਹਾਊਸ ਵਿਖੇ ਦੁਪਹਿਰ ਦੇ ਖਾਣੇ 'ਤੇ ਸ਼ਾਮਲ ਹੋਣ ਦੀ ਵੀ ਕ੍ਰਿਪਾਲਤਾ ਕਰਨੀ ਜੀ।

ਡਾਇਰੈਕਟਰ ਸਪੋਰਟਸ

ਡਾਇਰੈਕਟੋਰੇਟ ਆਫ਼ ਸਪੋਰਟਸ

**ਪੰਜਾਬੀ ਯੂਨੀਵਰਸਿਟੀ, ਪਟਿਆਲਾ**

(1961 ਦੇ ਪੰਜਾਬ ਐਕਟ ਨੰ.35 ਤਹਿਤ ਸਥਾਪਿਤ)

*No.PDF/16-17/invitation-2/DS*
*Date: 01.05.2019*

ਪ੍ਰਿੰਸੀਪਲ ਸਾਹਿਬਾਨ
ਸਮੂਹ ਸਬੰਧਤ ਕਾਲਜਿਜ਼

ਸ਼੍ਰੀਮਾਨ/ਸ਼੍ਰੀਮਤੀ ਜੀਓ,

ਆਪ ਜੀ ਨੂੰ ਇਹ ਜਾਣਕੇ ਖੁਸ਼ੀ ਹੋਵੇਗੀ ਕਿ ਖੇਡ ਵਿਭਾਗ ਵਲੋਂ ਮਾਣਯੋਗ ਵਾਈਸ-ਚਾਂਸਲਰ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਸੈਸ਼ਨ 2016-17 ਦਾ ਸਾਲਾਨਾ ਖੇਡ ਇਨਾਮ ਵੰਡ ਸਮਾਰੋਹ ਮਿਤੀ 12-5-2019 ਨੂੰ ਸੰਨੀ ਓਬਰਾਏ ਆਡੀਟੋਰੀਅਮ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਕਰਵਾਇਆ ਜਾ ਰਿਹਾ ਹੈ।

ਇਸ ਸਮਾਰੋਹ ਵਿੱਚ ਪੰਜਾਬੀ ਯੂਨੀਵਰਸਿਟੀ ਨਾਲ ਸਬੰਧਤ ਅੰਤਰ-ਰਾਸ਼ਟਰੀ ਪੱਧਰ ਤੇ ਮੈਡਲ ਪ੍ਰਾਪਤ ਕਰਨ/ਭਾਗ ਲੈਣ ਵਾਲੇ ਖਿਡਾਰੀ/ਖਿਡਾਰਨਾਂ, ਰਾਸ਼ਟਰੀ ਪੱਧਰ ਤੇ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਖਿਡਾਰੀ/ਖਿਡਾਰਨਾਂ, ਸਰਬ-ਭਾਰਤੀ ਅੰਤਰ-ਯੂਨੀਵਰਸਿਟੀ ਖੇਡ ਪ੍ਰਤੀਯੋਗਤਾ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਖਿਡਾਰੀ/ਖਿਡਾਰਨਾਂ ਅਤੇ ਇਨ੍ਹਾਂ ਟੀਮਾਂ ਨਾਲ ਗਏ ਮੈਨੇਜਰ, ਕੋਚਿਜ਼ ਅਤੇ ਮੈਡਲ ਪ੍ਰਾਪਤ ਕਰਨ ਵਾਲੇ ਖਿਡਾਰੀਆਂ ਦੇ ਕਾਲਜਾਂ ਦੇ ਪ੍ਰਿੰਸੀਪਲ ਸਾਹਿਬਾਨ, ਲੈਕਚਰਾਰ (ਫਿਜ਼ੀਕਲ ਐਜੂਕੇਸ਼ਨ) ਤੋਂ ਇਲਾਵਾ ਵੀ ਕਈ ਹੋਰ ਉੱਘੀਆਂ ਖੇਡ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਜਾਵੇਗਾ।

ਇਸ ਤੋਂ ਇਲਾਵਾ ਪੰਜਾਬੀ ਯੂਨੀਵਰਸਿਟੀ ਵੱਲੋਂ ਕਰਵਾਏ ਗਏ ਵੱਖ-ਵੱਖ ਖੇਡਾਂ ਦੇ ਅੰਤਰ ਕਾਲਜ ਮੁਕਾਬਲਿਆਂ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਕਾਲਜਾਂ ਨੂੰ ਵੀ ਨਕਦ ਇਨਾਮ ਨਾਲ ਸਨਮਾਨਿਤ ਕੀਤਾ ਜਾਵੇਗਾ।

ਇਸਦੇ ਨਾਲ ਹੀ ਮਾਕਾ ਟਰਾਫੀ ਸਕੋਰਿੰਗ ਵਿੱਚ ਸਭ ਤੋਂ ਵੱਧ ਯੋਗਦਾਨ ਪਾਉਣ ਵਾਲੇ ਪਹਿਲੇ, ਦੂਜੇ ਅਤੇ ਤੀਜੇ ਸਥਾਨ ਤੇ ਆਉਣ ਵਾਲੇ ਕਾਲਜਾਂ ਨੂੰ 1,00,000/-ਰੁ., 51,000/-ਰੁ. ਅਤੇ 31,000/-ਰੁ. ਦੇ ਨਕਦ ਇਨਾਮਾਂ ਨਾਲ ਸਨਮਾਨਿਤ ਕੀਤਾ ਜਾਵੇਗਾ ਅਤੇ ਅੰਤਰ ਕਾਲਜ ਮੁਕਾਬਲਿਆਂ ਵਿਚ ਸਭ ਤੋਂ ਵੱਧ ਖੇਡਾਂ ਵਿਚ ਭਾਗ ਲੈਣ ਵਾਲੇ ਪਹਿਲੇ 10 ਕਾਲਜਾਂ ਨੂੰ ਵੀ ਨਕਦ ਇਨਾਮਾਂ/ਚੈੱਕਾਂ ਨਾਲ ਸਨਮਾਨਿਤ ਕੀਤਾ ਜਾਵੇਗਾ।

ਪ੍ਰਿੰਸੀਪਲ ਸਾਹਿਬਾਨ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਲਜ ਨਾਲ ਸਬੰਧਤ ਖਿਡਾਰੀਆਂ/ਕੋਚਿਜ਼/ਖੇਡ ਇੰਚਾਰਜ ਨੂੰ ਇਸ ਸਮਾਰੋਹ ਵਿਚ ਸ਼ਾਮਲ ਹੋਣ ਲਈ ਸਮੇਂ ਸਿਰ ਭੇਜਣਾ ਯਕੀਨੀ ਬਣਾਉਣ ਜੀ।

**ਨੋਟ:**

- ਸਮਾਰੋਹ ਦੀ ਰਿਹਰਸਲ ਮਿਤੀ 12-5-2019 ਨੂੰ ਸਵੇਰੇ 8-00 ਵਜੇ ਸ਼ੁਰੂ ਹੋਵੇਗੀ। ਸਾਰੇ ਖਿਡਾਰੀਆਂ/ਕੋਚਿਜ਼/ਖੇਡ ਇੰਚਾਰਜ ਦਾ ਰਿਹਰਸਲ ਵਿਚ ਭਾਗ ਲੈਣਾ ਲਾਜ਼ਮੀ ਹੋਵੇਗਾ।
- ਇਨਾਮ ਵੰਡ ਸਮਾਰੋਹ ਵਿਚ ਸਮੇਂ ਸਿਰ ਨਾ ਪਹੁੰਚਣ ਵਾਲੇ/ਗੈਰ-ਹਾਜ਼ਰ ਹੋਣ ਵਾਲੇ ਖਿਡਾਰੀ/ਕੋਚਿਜ਼/ਖੇਡ ਇੰਚਾਰਜ ਦੀ ਇਨਾਮੀ ਰਾਸ਼ੀ ਬਾਅਦ ਵਿਚ ਨਹੀਂ ਦਿੱਤੀ ਜਾਵੇਗੀ ਅਤੇ ਬਚਦੀ ਰਾਸ਼ੀ ਤੁਰੰਤ ਯੂਨੀਵਰਸਿਟੀ ਦੇ ਖਾਤੇ ਵਿਚ ਜਮ੍ਹਾਂ ਕਰਵਾ ਦਿੱਤੀ ਜਾਵੇਗੀ।

ਡਾਇਰੈਕਟਰ ਸਪੋਰਟਸ